# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 16-11-2024**

ਰਾਸ਼ਟਰ ਅੱਜ ਕੌਮ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਰਧਾਂਜਲੀ ਭੇਂਟ ਕਰ ਰਿਹਾ ਏ। ਉਹ ਇੱਕ ਮਹਾਨ ਕ੍ਰਾਂਤੀਕਾਰੀ ਸਨ ਜਿਨ੍ਹਾਂ ਨੂੰ ਸਿਰਫ 19 ਸਾਲਾਂ ਦੀ ਉਮਰ ਵਿਚ ਸਾਲ 1915 ਵਿੱਚ ਅੱਜ ਦੇ ਦਿਨ ਬ੍ਰਿਟਿਸ਼ ਸਰਕਾਰ ਨੇ ਆਜ਼ਾਦੀ ਸੰਗਰਾਮ ਵਿੱਚ ਹਿੱਸਾ ਲੈਣ ਲਈ ਫਾਂਸੀ ਦਿੱਤੀ ਸੀ। ਕਰਤਾਰ ਸਿੰਘ ਸਰਾਭਾ ਦੇ ਨਾਲ ਉਨ੍ਹਾਂ ਦੇ ਛੇ ਹੋਰ ਸਾਥੀਆਂ ਨੂੰ ਵੀ ਫਾਂਸੀ ਦਿੱਤੀ ਗਈ ਸੀ। ਗ਼ਦਰ ਪਾਰਟੀ ਦੇ ਮੈਂਬਰ ਵਜੋਂ ਉਨ੍ਹਾਂ ਦੀ ਸ਼ਹਾਦਤ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਸਮੇਤ ਕਈ ਨੌਜਵਾਨਾਂ ਨੂੰ ਸੁਤੰਤਰਤਾ ਸੰਗਰਾਮ ਵਿਚ ਸ਼ਾਮਿਲ ਹੋਣ ਲਈ ਪ੍ਰੇਰਿਤ ਕੀਤਾ। ਪੰਜਾਬ ਵਿੱਚ ਲੁਧਿਆਣਾ ਸਥਿਤ ਉਨ੍ਹਾਂ ਦੇ ਜੱਦੀ ਪਿੰਡ ਸਰਾਭਾ ਵਿਖੇ ਸੂਬਾ ਪੱਧਰੀ ਪ੍ਰੋਗਰਾਮ ਕੀਤਾ ਗਿਆ। ਦੇਸ਼ ਭਗਤ ਯਾਦਗਾਰ

ਕਮੇਟੀ ਦੇ ਮੈਂਬਰਾਂ ਵਲੋਂ ਅੱਜ ਕਰਤਾਰ ਸਿੰਘ ਸਰਾਭਾ ਸਮੇਤ ਬਾਕੀ ਸਾਰੇ ਦੇਸ਼ ਭਗਤਾਂ ਨੂੰ ਵੀ ਯਾਦ ਕੀਤਾ ਗਿਆ।

--------------------------------------------------------

ਹੁਸ਼ਿਆਰਪੁਰ ਸਥਿਤ ਸੀਮਾ ਸੁਰੱਖਿਆ ਬਲ ਦੇ ਸਹਾਇਕ ਸਿਖਲਾਈ ਕੇਂਦਰ ਖੜਕਾਂ ਵਿਖੇ ਅੱਜ ਕਾਰਵਾਈ ਗਈ ਪਾਸਿੰਗ ਆਊਟ ਪਰੇਡ ਵਿਚ ਬੀ.ਐਸ.ਐਫ ਦੇ 622 ਮਹਿਲਾ ਰੰਗਰੂਟਾਂ ਨੇ ਪਾਸਿੰਗ ਆਊਟ ਪਰੇਡ ਵਿੱਚ ਹਿੱਸਾ ਲਿਆ । ਇਸ ਦੌਰਾਨ ਬੀ.ਐਸ.ਐਫ ਦੇ ਸਹਾਇਕ ਮਹਾ-ਨਿਦੇਸ਼ਕ ਸਤੀਸ਼ ਐਸ. ਖੰਡਾਰੇ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਉਹਨਾਂ ਪਰੇਡ ਦਾ ਨਿਰੀਖਣ ਕੀਤਾ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ। ਨਵੇਂ ਭਰਤੀ ਹੋਏ ਰੰਗਰੂਟਾਂ ਨੇ ਇਸ ਮੌਕੇ ਭਾਰਤੀ ਸਵਿਧਾਨ ਦੀ ਸਹੁੰ ਵੀ ਚੁੱਕੀ।

**BYTE:**

ਸਹਾਇਕ ਸਿਖਲਾਈ ਕੇਂਦਰ ਦੇ ਆਈ.ਜੀ. ਸਿੰਧੂ ਕੁਮਾਰ ਨੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਅਤੇ ਇਹਨਾਂ ਜਵਾਨਾਂ ਨੂੰ, 44 ਹਫਤਿਆਂ ਦੌਰਾਨ ਦਿੱਤੀ ਗਈ ਵੱਖ-ਵੱਖ ਵਿਸ਼ਿਆਂ ਦੀ ਸਿਖਲਾਈ ਬਾਰੇ ਜਾਣਕਾਰੀ

ਦਿੱਤੀ। ਸਹਾਇਕ ਮਹਾਨਿਦੇਸ਼ਕ ਸਤੀਸ਼ ਐਸ, ਖੰਡਾਰੇ ਨੇ ਆਪਣੇ ਸੰਬੋਧਨ ਦੌਰਾਨ ਬੀ.ਐਸ.ਐਫ ਵਿੱਚ ਸ਼ਾਮਿਲ ਹੋਈਆਂ ਨਵੀਆਂ ਕਾਂਸਟੇਬਲਾਂ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਆਪਣੀ ਡਿਊਟੀ ਕਰਨ ਅਤੇ ਦੇਸ਼ ਦੇ ਪ੍ਰਤੀ ਸਮਰਪਿਤ ਰਹਿਣ ਲਈ ਪ੍ਰੇਰਿਤ ਕੀਤਾ । ਉਹਨਾਂ ਕਿਹਾ ਕਿ  ਬੀ.ਐਸ.ਐਫ ਕੋਲ ਬਹੁਤ ਮਹੱਤਵਪੂਰਨ ਜਿੰਮੇਵਾਰੀ ਏ  ਅਤੇ  ਇਸ ਜਿੰਮੇਵਾਰੀ ਨੂੰ ਨਿਭਾਉਣ ਲਈ ਕੁਰਬਾਨੀ ਦੇਣ ਤੋਂ ਵੀ ਪਿੱਛੇ ਨਹੀਂ ਹਟਦੇ । ਉਹਨਾਂ ਬਲ ਵਿੱਚ ਸ਼ਾਮਿਲ ਹੋਈਆਂ ਨਵੀਆਂ ਕਾਂਸਟੇਬਲਾਂ ਤੇ ਉਹਨਾਂ ਦੇ ਪਰਿਵਾਰਾਂ ਨੂੰ ਵਧਾਈ ਦਿੱਤੀ। ਇਸ ਦੌਰਾਨ ਜਵਾਨਾਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ, ਜਿਸ ਵਿੱਚ ਵੱਖ ਵੱਖ ਸੂਬਿਆਂ ਦੇ ਸੱਭਿਆਚਾਰ ਅਤੇ ਲੋਕ ਨਾਚ ਤੇ ਅਧਾਰਿਤ ਪੇਸ਼ਕਾਰੀਆਂ  ਕੀਤੀਆਂ ਗਈਆਂ।

---------------------------------------------------

ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਪ੍ਰੈੱਸ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਹਾੜਾ ਹਰ ਸਾਲ 16 ਨਵੰਬਰ ਨੂੰ, ਸਮਾਜ ਵਿੱਚ ਇੱਕ ਆਜ਼ਾਦ ਅਤੇ ਜ਼ਿੰਮੇਵਾਰ ਪ੍ਰੈਸ ਦੀ ਅਹਿਮ ਭੂਮਿਕਾ ਦਾ ਸਨਮਾਨ ਕਰਨ ਲਈ

ਮਨਾਇਆ ਜਾਂਦਾ ਏ। ਅੱਜ ਦੇ ਦਿਨ ਸਾਲ 1966 ਵਿੱਚ, ਭਾਰਤੀ ਪ੍ਰੈੱਸ ਕੌਂਸਲ ਨੇ ਕੰਮ ਕਰਨਾ ਸ਼ੁਰੂ ਕੀਤਾ ਸੀ।

---------------------------------------------------------

ਕਿਸਾਨਾਂ ਨੂੰ ਹਾੜੀ ਦੀਆਂ ਫਸਲਾਂ ਦੀ ਕਾਸ਼ਤ ਲਈ ਲੋੜੀਂਦੀਆਂ ਖਾਦਾਂ ਮੁਹੱਈਆ ਕਰਵਾਉਣ ਦੇ ਮੰਤਵ ਲਈ ਕੀਤੇ ਹੁਕਮਾਂ ਦੀ ਪਾਲਣਾ ਕਰਦਿਆਂ ਫਾਜ਼ਿਲਕਾ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਟੀਮ ਵੱਲੋਂ ਜ਼ਿਲ੍ਹੇ ਵਿੱਚ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਸਹਿਕਾਰੀ ਸਭਾਵਾਂ ਅਤੇ ਖਾਦ ਵਿਕਰੇਤਾਵਾਂ ਨਾਲ ਸੰਬੰਧਤ ਗੋਦਾਮਾਂ ਦੀ ਚੈਕਿੰਗ ਕੀਤੀ ਜਾ ਰਹੀ ਏ। ਮੁੱਖ ਖੇਤੀਬਾੜੀ ਅਫਸਰ ਸੰਦੀਪ ਰਿਣਵਾ ਨੇ ਦੱਸਿਆ ਕਿ ਡੀ ਏ ਪੀ ਖਾਦ ਦੀ ਕਾਲਾਬਜ਼ਾਰੀ ਅਤੇ ਜਮਾਂ ਖੋਰੀ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਏ  ਤਾਂ ਕਿਸਾਨਾਂ ਨੂੰ ਡੀ ਏ ਪੀ ਖਾਦ ਜ਼ਰੂਰਤ ਅਨੁਸਾਰ ਮਿਲਣ ਵਿਚ ਕੋਈ ਮੁਸ਼ਕਲ ਪੇਸ਼ ਨਾਂ ਆਵੇ। ਉਨਾਂ ਦੱਸਿਆ ਕਿ ਖਾਦ ਵਿਕਰੇਤਾਵਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਨੇ  ਕਿ ਰੋਜ਼ਾਨਾ ਦੁਕਾਨ ਤੇ ਖਾਦ ਦਾ ਭੰਡਾਰ , ਮੌਜੂਦ ਖਾਦ ਦੀ ਮਾਤਰਾ ਅਤੇ ਕੀਮਤ ਬੋਰਡ ਤੇ ਲਿਖੀ ਹੋਣੀ ਚਾਹੀਦੀ ਏ।

---------------------------------------------------------

ਪਹਾੜਾਂ ‘ਤੇ ਬਰਫਬਾਰੀ ਤੋਂ ਬਾਅਦ ਪੰਜਾਬ ਅਤੇ ਚੰਡੀਗੜ੍ਹ ਦੇ ਮੌਸਮ ‘ਚ ਲਗਾਤਾਰ ਬਦਲਾਅ ਦੇਖਣ ਨੂੰ ਮਿਲ ਰਿਹਾ ਏ। ਮੌਸਮ ਵਿਭਾਗ ਨੇ ਕਿਹਾ ਏ ਕਿ ਪੰਜਾਬ ‘ਚ ਕੱਲ ਤੱਕ ਧੁੰਦ ਦਾ ਅਸਰ ਦੇਖਣ ਨੂੰ ਮਿਲੇਗਾ। ਅੱਜ ਪੰਜਾਬ ਦੇ 18 ਜ਼ਿਲ੍ਹਿਆਂ ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ, ਫ਼ਿਰੋਜ਼ਪੁਰ, ਫ਼ਾਜ਼ਿਲਕਾ, ਫ਼ਰੀਦਕੋਟ, ਮੁਕਤਸਰ, ਮੋਗਾ, ਬਠਿੰਡਾ, ਲੁਧਿਆਣਾ, ਬਰਨਾਲਾ, ਮਾਨਸਾ, ਸੰਗਰੂਰ, ਫ਼ਤਹਿਗੜ੍ਹ ਸਾਹਿਬ, ਪਟਿਆਲਾ, ਐਸ.ਏ.ਐਸ.ਨਗਰ ਅਤੇ ਮਲੇਰਕੋਟਲਾ ਵਿੱਚ ਧੁੰਦ ਨੂੰ ਲੈ ਕੇ ਅਲਰਟ ਜਾਰੀ ਕੀਤਾ ਗਿਆ ਏ। ਆਉਂਦੇ  ਇੱਕ ਹਫ਼ਤੇ ਤੱਕ ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ ਏ। ਉਧਰ  ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡੇ ਵਿਖੇ ਸੰਘਣੀ ਧੁੰਦ ਤੇ ਮੌਸਮ ਖ਼ਰਾਬ ਹੋਣ ਕਾਰਣ ਪੁੱਜਣ ’ਤੇ ਰਵਾਨਾ ਹੋਣ ਵਾਲੀਆਂ ਘਰੇਲੂ ਤੇ ਅੰਤਰ-ਰਾਸ਼ਟਰੀ ਉਡਾਣਾਂ ਪ੍ਰਭਾਵਿਤ ਹੋਈਆਂ। ਅੱਜ ਤੜਕੇ, ਦੋਹਾ ਨੂੰ ਉਡਾਣ ਭਰਨ ਵਾਲੀ ਕਤਰ ਏਅਰਵੇਜ਼ ਦੀ ਉਡਾਣ ਨੂੰ ਰੋਕ ਦਿੱਤਾ ਗਿਆ ।

---

ਪਠਾਨਕੋਟ ਸਰਹੱਦੀ ਖੇਤਰ ਦੀਆਂ ਗ੍ਰਾਮ ਸੁਰੱਖਿਆ ਕਮੇਟੀਆਂ ਦੀ ਤਰਜ਼ ’ਤੇ ਸ਼ਹਿਰ ਦੇ ਹਰ ਵਾਰਡ ਵਿੱਚ ਵਾਰਡ ਰੱਖਿਆ ਕਮੇਟੀਆਂ ਬਣਾਈਆਂ ਜਾਣਗੀਆਂ। ਕਮੇਟੀਆਂ ਦੇ ਗਠਨ ਲਈ ਪਹਿਲੀ ਮੀਟਿੰਗ ਸੈਲੀ ਰੋਡ ਸਥਿਤ ਆਡੀਟੋਰੀਅਮ ਵਿੱਚ ਹੋਈ, ਜਿਸ ਵਿੱਚ ਡਿਪਟੀ ਕਮਿਸ਼ਨਰ ਅਦਿੱਤਿਆ ਉੱਪਲ ਅਤੇ ਐਸਐਸਪੀ ਦਿਲਜਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਸਾਰੇ 50 ਵਾਰਡਾਂ ਵਿੱਚ ਵਾਰਡ ਡਿਫੈਂਸ ਕਮੇਟੀਆਂ ਬਣਾਈਆਂ ਜਾਣਗੀਆਂ, ਜਿਨ੍ਹਾਂ ਦਾ ਮੁੱਖ ਉਦੇਸ਼ ਸੁਰੱਖਿਆ ਹੋਵੇਗਾ। ਹਰੇਕ ਕਮੇਟੀ ਵਿੱਚ ਸ਼ਹਿਰ ਦੇ 7 ਮੈਂਬਰ ਹੋਣਗੇ, ਜਿਨ੍ਹਾਂ ਵਿੱਚ 2 ਜਾਂ 3 ਵਪਾਰੀ, ਔਰਤਾਂ, ਸੀਨੀਅਰ ਸਿਟੀਜ਼ਨ ਅਤੇ ਸਾਬਕਾ ਸੈਨਿਕ ਜਾਂ ਸਾਬਕਾ ਕਰਮਚਾਰੀ ਲਾਜ਼ਮੀ ਤੌਰ 'ਤੇ ਸ਼ਾਮਲ ਹੋਣਗੇ। ਹਰ ਕਮੇਟੀ ਵਿੱਚ ਇੱਕ ਵਾਰਡ ਪੁਲਿਸ ਅਫਸਰ (WPO) ਹੋਵੇਗਾ। ਜਾਣਕਾਰੀ ਦਾ ਆਦਾਨ-ਪ੍ਰਦਾਨ ਕਰਨ ਲਈ ਹਰ ਕੋਈ ਵਟਸਐਪ ਗਰੁੱਪ ਨਾਲ ਜੁੜਿਆ ਰਹੇਗਾ। ਐਸਐਸਪੀ ਦਿਲਜਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ

ਵਾਰਡ ਸੁਰੱਖਿਆ ਕਮੇਟੀਆਂ ਦੇ ਮੈਂਬਰ ਵਟਸਐਪ ਗਰੁੱਪ ਵਿੱਚ ਸਬੰਧਤ ਥਾਣੇ ਦੇ ਐਸਐਚਓ ਅਤੇ ਡੀਐਸਪੀ ਨਾਲ ਜੁੜੇ ਰਹਿਣਗੇ।